ਜ਼ਿਲਾ ਲੋਕ ਸੰਪਰਕ ਦਫ਼ਤਰ, ਫ਼ਤਹਿਗੜ ਸਾਹਿਬ

ਮਿਸ਼ਨ ਫ਼ਤਿਹ: ਕੋਰੋਨਾ ਤੋਂ ਬਚਾਅ ਦੇ ਮੱਦੇਨਜ਼ਰ ਲਗਾਤਾਰ ਲਏ ਜਾ ਰਹੇ ਨੇ ਸੈਂਪਲ

ਮੁੱਢਲਾ ਸਿਹਤ ਕੇਂਦਰ ਨੰਦਪੁਰ ਕਲੌੜ ਵੱਲੋਂ ਪਿੰਡ ਪਮੌਰ ਵਿਖੇ ਲਏ ਗਏ 31 ਵਿਅਕਤੀਆਂ ਦੇ ਸੈਂਪਲ

ਲੋਕਾਂ ਨੂੰ ਕੋਰੋਨਾ ਤੋਂ ਬਚਾਅ ਲਈ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਯਕੀਨੀ ਬਨਾਉਣ ਦੀ ਅਪੀਲ

ਫ਼ਤਹਿਗੜ ਸਾਹਿਬ, 04 ਜੂਨ

ਕੋਰੋਨਾ 'ਤੇ ਫ਼ਤਿਹ ਪਾਉਣ ਲਈ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੇ 'ਮਿਸ਼ਨ ਫ਼ਤਿਹ: ਪੰਜਾਬ ਫਾਈਟਸ ਕੋਰੋਨਾ' ਤਹਿਤ ਲਗਾਤਾਰ ਸੈਂਪਲ ਲੈ ਕੇ ਜਾਂਚ ਲਈ ਭੇਜੇ ਜਾ ਰਹੇ ਹਨ। ਇਸੇ ਤਹਿਤ ਮੁੱਢਲਾ ਸਿਹਤ ਕੇਂਦਰ, ਨੰਦਪੁਰ ਕਲੌੜ ਵੱਲੋਂ 31 ਵਿਅਕਤੀਆਂ ਦੇ ਕੋਰੋਨਾ ਵਾਇਰਸ ਦੀ ਜਾਂਚ ਲਈ ਸੈਂਪਲ ਲਏ ਗਏ ਹਨ। ਇਹ ਜਾਣਕਾਰੀ ਦਿੰਦਿਆਂ ਐਸ.ਐਮ.ਓ. ਡਾ. ਮਨੋਹਰ ਸਿੰਘ ਨੇ ਦੱਸਿਆ ਕਿ ਪਿੰਡ ਪਮੌਰ ਵਿਖੇ ਸਾਵਧਾਨੀ ਵਜੋਂ ਪਰਵਾਸੀ ਮਜ਼ਦੂਰਾਂ ਤੇ ਬਾਹਰੀ ਸੂਬਿਆਂ ਤੋਂ ਆਏ ਵਿਅਕਤੀਆਂ ਦੇ ਨਮੂਨੇ ਲਏ ਗਏ ਹਨ।
ਡਾ. ਮਨੋਹਰ ਸਿੰਘ ਨੇ ਦੱਸਿਆ ਕਿ ਇਸ ਦੌਰਾਨ ਪਿੰਡ ਵਾਸੀਆਂ ਨੂੰ ਕੋਰੋਨਾ ਤੋਂ ਬਚਾਅ ਸਬੰਧੀ ਸਾਵਧਾਨੀਆਂ ਵਰਤਣ ਜਿਵੇਂ ਕਿ ਸਮਾਜਕ ਵਿੱਥ ਕਾਇਮ ਰੱਖਣ, ਮੂੰਹ ਢੱਕ ਕੇ ਰੱਖਣ ਅਤੇ ਵਾਰ ਵਾਰ ਹੱਥ ਧੋਣ ਬਾਰੇ ਵੀ ਜਾਗਰੂਕ ਕੀਤਾ ਗਿਆ। ਉਨਾਂ ਕਿਹਾ ਕਿ ਪੰਜਾਬ ਸਰਕਾਰ ਮਿਸ਼ਨ ਫ਼ਤਿਹ ਤਹਿਤ ਕੋਰੋਨਾ ਖਿਲਾਫ ਜੰਗ ਜਿੱਤਣ ਲਈ ਦਿਨ ਰਾਤ ਇਕ ਕਰ ਕੇ ਕੰਮ ਕਰ ਰਹੀ ਹੈ। ਉਨਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇਨ ਬਿਨ ਪਾਲਣਾ ਯਕੀਨੀ ਬਣਾਉਂਦਿਆਂ ਇਸ ਜੰਗ ਵਿੱਚ ਫ਼ਤਿਹ ਹਾਸਲ ਕਰਨ ਲਈ ਸਰਕਾਰ ਨੂੰ ਸਹਿਯੋਗ ਦਿੱਤਾ ਜਾਵੇ।
ਐਸ.ਐਮ.ਓ. ਨੇ ਦੱਸਿਆ ਕਿ ਪਿੰਡ ਪਮੌਰ ਵਿਖੇ ਡਾ. ਜਸਮੀਤ ਕੌਰ, ਗੁਰਪਾਲ ਸਿੰਘ ਐਮ ਐਲ ਟੀ, ਰਵਿੰਦਰ ਕੌਰ ਸੀ ਐਚ ਓ ਅਤੇ ਅਮਨਦੀਪ ਕੌਰ ਸੀ ਐਚ ਓ ਨੇ ਸੈਂਪਲ ਲਏ ਤੇ ਪਰਦੀਪ ਸਿੰਘ ਬਲਾਕ ਐਜੂਕੇਟਰ ਨੇ ਲੋਕਾਂ ਨੂੰ ਕੋਰੋਨਾ ਤੋਂ ਬਚਾਅ ਬਾਰੇ ਜਾਗਰੂਕ ਕੀਤਾ।

ਕੈਪਸ਼ਨ: ਪਿੰਡ ਪਮੌਰ ਵਿਖੇ ਸੈਂਪਲ ਲੈਣ ਮੌਕੇ ਸਿਹਤ ਵਿਭਾਗ ਦੀ ਟੀਮ।

ਜ਼ਿਲ੍ਹਾ ਲੋਕ ਸੰਪਰਕ ਦਫਤਰ, ਫ਼ਤਹਿਗੜ੍ਹ ਸਾਹਿਬ

ਵੱਧ ਤੋਂ ਵੱਧ ਕਿਸਾਨ ਮੱਛੀ ਪਾਲਣ ਦਾ ਧੰਦਾ ਅਪਨਾਉਣ

ਮੱਛੀ ਪਾਲਣ ਸਦਕਾ ਰਵਾਇਤੀ ਖੇਤੀ ਨਾਲੋਂ ਦੁੱਗਣੀ ਕਮਾਈ ਕਰ ਸਕਦੇ ਨੇ ਕਿਸਾਨ

ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਪਿੰਡ ਰਿਊਣਾ ਨੀਵਾਂ ਵਿਖੇ 13 ਏਕੜ ਵਿੱਚ ਬਣਾਏ ਤਲਾਅ ਵਿਖੇ ਮੱਛੀ ਪਾਲਣ ਦੀ ਕਰਵਾਈ ਸ਼ੁਰੂਆਤ

ਫ਼ਤਹਿਗੜ੍ਹ ਸਾਹਿਬ, 04 ਜੂਨ

ਕਿਸਾਨ ਮੱਛੀ ਪਾਲਣ ਦਾ ਧੰਦਾ ਅਪਨਾ ਕੇ ਰਵਾਇਤੀ ਖੇਤੀ ਦੇ ਮੁਕਾਬਲੇ ਦੁੱਗਣੀ ਕਮਾਈ ਕਰ ਸਕਦੇ ਹਨ ਤੇ ਇਸ ਧੰਦੇ ਵਿੱਚ ਮੰਡੀਕਰਨ ਦੀ ਸਮੱਸਿਆ ਨਹੀਂ ਆਉਂਦੀ। ਸਰਕਾਰ ਵੱਲੋਂ ਇਹ ਧੰਦਾ ਸ਼ੁਰੂ ਕਰਵਾਉਣ ਲਈ ਆਸਾਨ ਕਿਸ਼ਤਾਂ 'ਤੇ ਬੈਂਕਾਂ ਤੋਂ ਕਰਜ਼ਾ ਅਤੇ ਸਬਸਿਡੀ ਪ੍ਰਦਾਨ ਕੀਤੀ ਜਾਂਦੀ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ ਨੇ ਪਿੰਡ ਰਿਊਣਾ ਨੀਵਾਂ ਵਿਖੇ ਮੱਛੀ ਪਾਲਣ ਵਿਭਾਗ ਦੇ ਸਹਿਯੋਗ ਨਾਲ ਜਪਜੀਤ ਸਿੰਘ ਵੱਲੋਂ 13 ਏਕੜ ਵਿੱਚ ਤਿਆਰ ਕਰਵਾਏ  ਤਲਾਅ ਵਿੱਚ ਪੂੰਗ ਸਟਾਕ ਕਰਦਿਆਂ ਮੱਛੀ ਪਾਲਣ ਦੀ ਸ਼ੁਰੂਆਤ ਕਰਵਾਉਣ ਮੌਕੇ ਕੀਤਾ ਗਿਆ। ਇਸ ਮੌਕੇ ਸ੍ਰੀਮਤੀ ਗਿੱਲ ਨੇ ਕਿਹਾ ਕਿ ਇਸ ਧੰਦੇ ਵਿੱਚ ਮਸ਼ੀਨਰੀ ਤੇ ਲੇਬਰ ਦੀ ਘੱਟ ਲੋੜ ਪੈਂਦੀ ਹੈ ਤੇ ਕਿਸਾਨ ਇਸ ਧੰਦੇ ਵਿੱਚ ਘੱਟ ਮਿਹਨਤ ਨਾਲ ਵਧੇਰੇ ਮੁਨਾਫਾ ਲੈ ਸਕਦੇ ਹਨ। ਕਿਸਾਨਾਂ ਨੂੰ ਮੱਛੀ ਵੇਚਣ ਲਈ ਕਿਤੇ ਬਾਹਰ ਨਹੀਂ ਜਾਣਾ ਪੈਂਦਾ ਸਗੋਂ ਮੱਛੀ ਦੀ ਖ਼ਰੀਦ ਕਿਸਾਨਾਂ ਦੇ ਤਲਾਅ 'ਤੇ ਹੀ ਹੋ ਜਾਂਦੀ ਹੈ।
ਇਸ ਮੌਕੇ ਸਹਾਇਕ ਕਮਿਸ਼ਨਰ, ਮੱਛੀ ਪਾਲਣ, ਫ਼ਤਹਿਗੜ੍ਹ ਸਾਹਿਬ, ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਮੱਛੀ ਪਾਲਣ ਦਾ ਕਿੱਤਾ ਸ਼ੁਰੂ ਕਰਨ ਲਈ ਮੱਛੀ ਪਾਲਣ ਵਿਭਾਗ ਵੱਲੋਂ ਪੰਜ ਦਿਨ ਦੀ ਮੁਫ਼ਤ ਮੁੱਢਲੀ ਸਿਖਲਾਈ ਸਰਕਾਰੀ ਮੱਛੀ ਪੂੰਗ ਫਾਰਮ, ਬਾਗੜੀਆਂ-ਫੱਗਣਮਾਜਰਾ ਵਿਖੇ ਦਿੱਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਮੱਛੀ ਪਾਲਣ ਦਾ ਧੰਦਾ ਕਰਨ ਦੇ ਇਛੁੱਕ ਵਿਅਕਤੀ ਪੰਚਾਇਤੀ ਟੋਭਿਆਂ ਨੂੰ ਠੇਕੇ 'ਤੇ ਲੈ ਕੇ ਇਹ ਧੰਦਾ ਕਰ ਕੇ ਆਪਣੀ ਆਮਦਨ ਵਿੱਚ ਵਾਧਾ ਕਰ ਸਕਦੇ ਹਨ।
ਇਸ ਮੌਕੇ ਮੁੱਖ ਕਾਰਜਕਾਰੀ ਅਫ਼ਸਰ ਮੱਛੀ ਪਾਲਕ ਵਿਕਾਸ ਏਜੰਸੀ, ਫ਼ਤਹਿਗੜ੍ਹ ਸਾਹਿਬ, ਕਰਮਜੀਤ ਸਿੰਘ ਨੇ ਦੱਸਿਆ ਕਿ ਸਰਕਾਰੀ ਮੱਛੀ ਪੂੰਗ ਫਾਰਮ ਵਿਖੇ ਮੱਛੀ ਪੂੰਗ ਤਿਆਰ ਹੈ ਤੇ ਇਸ ਵੇਲੇ ਸਿਲਵਰ ਕਾਰਪ, ਰੋਹੂ, ਮਿਰਗਲ ਅਤੇ ਕਤਲਾ ਦਾ ਮੱਛੀ ਪੂੰਗ ਉਪਲਬੱਧ ਹੈ। ਕਿਸਾਨ ਆਪਣੀ ਲੋੜ ਅਨੁਸਾਰ ਕਿਸੇ ਵੀ ਕੰਮ ਵਾਲੇ ਦਿਨ ਮੱਛੀ ਪੂੰਗ ਹਾਸਲ ਕਰ ਸਕਦੇ ਹਨ। ਇਸ ਮੌਕੇ ਫਾਰਮ ਸੁਪਰਡੈਂਟ ਤੇਜਿੰਦਰ ਸਿੰਘ ਅਤੇ ਮੱਛੀ ਪਾਲਣ ਅਫ਼ਸਰ ਬਲਜੋਤ ਕੌਰ ਵੀ ਹਾਜ਼ਰ ਸਨ।
ਕੈਪਸ਼ਨ: ਡਿਪਟੀ ਕਮਿਸ਼ਨਰ ਸ੍ਰੀਮਤੀ ਅੰਮ੍ਰਿਤ ਕੌਰ ਗਿੱਲ, ਪਿੰਡ ਰਿਊਣਾ ਨੀਵਾਂ ਵਿਖੇ 13 ਏਕੜ ਵਿੱਚ ਤਿਆਰ ਕਰਵਾਏ ਗਏ ਤਲਾਅ ਵਿੱਚ ਮੱਛੀ ਪਾਲਣ ਦੀ ਸ਼ੁਰੂਆਤ ਕਰਵਾਉਂਦੇ ਹੋਏ।

ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਤਹਿਗੜ੍ਹ ਸਾਹਿਬ

ਬੇਰੁਜ਼ਗਾਰਾਂ ਨੂੰ ਰੁਜ਼ਗਾਰ ਦਿਵਾਉਣ ਲਈ ਉਪਰਾਲੇ ਜੰਗੀ ਪੱਧਰ 'ਤੇ ਜਾਰੀ

ਰੁਜ਼ਗਾਰ ਪ੍ਰਾਪਤੀ ਸਬੰਧੀ ਜ਼ਿਲ੍ਹਾ ਰੁਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਫੋਨ ਨੰਬਰ ਤੇ ਈ ਮੇਲ ਆਈ ਡੀ 'ਤੇ ਕੀਤਾ ਜਾ ਸਕਦਾ ਹੈ ਸੰਪਰਕ

ਨੌਜਵਾਨਾਂ ਨੂੰ ਰੁਜ਼ਗਾਰ ਪ੍ਰਾਪਤੀ ਸਬੰਧੀ ਆਨਲਾਇਨ ਰਜਿਸਟਰੇਸ਼ਨ ਕਰਵਾਉਣ ਦੀ ਅਪੀਲ

ਫਤਹਿਗੜ੍ਹ ਸਾਹਿਬ, 06 ਜੂਨ

ਪੰਜਾਬ ਸਰਕਾਰ ਵਲੋਂ ਬੇਰੁਜਗਾਰਾਂ ਨੂੰ ਰੋਜ਼ਗਾਰ ਦੇਣ ਲਈ ਜੰਗੀ ਪੱਧਰ ਤੇ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ। ਪੰਜਾਬ ਸਰਕਾਰ ਵਲੋਂ ਜਿਲ੍ਹਾ ਪੱਧਰ ਤੇ ਖੋਲ੍ਹੇ ਗਏ ਜਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ, ਫਤਹਿਗੜ੍ਹ ਸਾਹਿਬ ਵਲੋਂ ਇਸੇ ਤਹਿਤ ਤੇ ਬੇਰੁਜ਼ਗਾਰਾਂ ਦੀ ਸਹੂਲਤ ਲਈ ਹੈਲਪਲਾਈਨ ਨੰਬਰ ਤੇ ਈਮੇਲ ਜਾਰੀ ਕੀਤੀ ਗਈ ਹੈ, ਜਿੱਥੇ ਬੇਰੁਜ਼ਗਾਰ ਹਰ ਪ੍ਰਕਾਰ ਦੀ ਜਾਣਕਾਰੀ ਪ੍ਰਾਪਤ ਕਰ ਸਕਦੇ ਹਨ ਅਤੇ ਆਪਣੇ ਆਪ ਨੂੰ ਆਨਲਾਈਨ ਰਜਿਸਟਰ ਵੀ ਕਰਵਾ ਸਕਦੇ ਹਨ। ਬਿਊਰੋ ਵਲੋਂ ਹੈਲਪਲਾਈਨ ਨੰ: 9915682436 ਤੇ ਈਮੇਲ dbeefgshelpline@gmail.com ਜਾਰੀ ਕੀਤੇ ਗਏ ਹਨ।
ਬੇਰੁਜਗਾਰ ਕਿਸੇ ਵੀ ਕੰਮਕਾਜ ਵਾਲੇ ਦਿਨ ਸਵੇਰੇ 9:00 ਵਜੇ ਤੋਂ 5:00 ਵਜੇ ਤੱਕ ਬਿਊਰੋ ਨਾਲ ਸੰਪਰਕ ਕਰ ਸਕਦੇ ਹਨ।ਪੰਜਾਬ ਸਰਕਾਰ ਵਲੋਂ ਲਾਕਡਾਊਨ ਦੌਰਾਨ ਦਿੱਤੀ ਢਿੱਲ ਤੋਂ ਬਾਅਦ ਜਿਲ੍ਹੇ ਦੀਆਂ ਫੈਕਟਰੀਆਂ, ਏਜੰਸੀਆਂ ਅਤੇ ਹੋਰ ਕੰਮਕਾਰ ਵਾਲੀਆਂ ਸੰਸਥਾਵਾਂ ਨੂੰ ਚਲਾਉਣ ਦੀ ਮੰਜੂਰੀ ਦਿੱਤੀ ਗਈ ਹੈ।ਇਨ੍ਹਾਂ ਸੰਸਥਾਵਾਂ ਵਿੱਚ ਪੈਦਾ ਹੋਈ ਮਜਦੂਰਾਂ ਅਤੇ ਕਾਮਿਆਂ ਦੀ ਘਾਟ ਨੂੰ ਪੂਰਾ ਕਰਨ ਲਈ ਜਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਲੋਂ ਭਰਪੂਰ ਯਤਨ ਕੀਤੇ ਜਾ ਰਹੇ ਹਨ।
ਜਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਵਲੋਂ ਸਥਾਪਿਤ ਕੀਤੇ ਪੋਰਟਲ www.pgrkam.com ਤੇ ਆਨਲਾਈਨ ਰਜਿਸਟ੍ਰੇਸ਼ਨ ਕੀਤੀ ਜਾ ਰਹੀ ਹੈ, ਜਿੱਥੇ ਕੋਈ ਵੀ ਵਿਅਕਤੀ ਰੋਜ਼ਗਾਰ ਪ੍ਰਾਪਤੀ ਲਈ ਆਪਣਾ ਨਾਮ ਘਰ ਬੈਠੇ ਦਰਜ ਕਰ ਸਕਦਾ ਹੈ।
ਜਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਮੁੱਖ ਕਾਰਜਕਾਰੀ ਅਫਸਰ-ਕਮ-ਵਧੀਕ ਡਿਪਟੀ ਕਮਿਸ਼ਨਰ(ਜ) ਸ੍ਰੀਮਤੀ ਅਨੁਪ੍ਰਿਤਾ ਜੌਹਲ ਨੇ ਜਿਲ੍ਹੇ ਦੇ ਬੇਰੋਜ਼ਗਾਰਾਂ ਨੂੰ ਜਿਲ੍ਹਾ ਰੋਜ਼ਗਾਰ ਤੇ ਕਾਰੋਬਾਰ ਬਿਊਰੋ ਦੇ ਪੋਰਟਲ ਤੇ ਆਪਣੇ ਆਪ ਨੂੰ ਰਜਿਸਟਰਡ ਕਰਨ ਦੀ ਅਪੀਲ ਕੀਤੀ। ਜਿਲ੍ਹਾ ਰੋਜ਼ਗਾਰ ਜਨਰੇਸ਼ਨ ਤੇ ਟ੍ਰੇਨਿੰਗ ਅਫਸਰ ਸ੍ਰੀਮਤੀ ਅਰਵਿੰਦਰ ਕੌਰ ਨੇ ਗੱਲਬਾਤ ਕਰਦਿਆਂ ਕਿਹਾ ਕਿ ਕੋਵਿਡ 19 ਕਾਰਨ ਬਿਊਰੋ ਵਲੋਂ ਵਿਦਿਆਰਥੀਆਂ ਦੀ ਘਰ ਬੈਠੇ ਆਨਲਾਈਨ ਕਾਊਂਸਲਿੰਗ ਵੀ ਕੀਤੀ ਜਾ ਰਹੀ ਹੈ, ਉਨ੍ਹਾਂ ਵਿਦਿਆਰਥੀਆਂ ਨੂੰ ਤਾਲਾਬੰਦੀ ਦੇ ਸਮੇਂ ਦੌਰਾਨ ਘਰ ਵਿੱਚ ਬੈਠ ਕੇ ਸਮੇਂ ਦਾ ਸਹੀ ਉਪਯੋਗ ਕਰਨ ਦੀ ਸਲਾਹ ਦਿੱਤੀ ਅਤੇ ਇਹ ਸਮਾਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਤਿਆਰੀ ਲਈ ਲਗਾਉਣ ਲਈ ਕਿਹਾ।